ਨੰ:3/30/2013-3ਸਿ3/701
ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਗ੍ਰੇਟ ਇੰਡੀਆਂ ਪ੍ਰੈਜ਼ੀਡੈਂਸੀ ਸਕੂਲ,
ਅਟਾਰੀ ਜੀ.ਟੀ.ਰੋਡ, ਨੇੜੇ ਟੋਲ ਪਲਾਜਾ,
ਪਿੰਡ ਛਿਡਣ, ਤਹਿ: ਅਜਨਾਲਾ, ਜਿਲ੍ਹਾ ਅੰਮ੍ਰਿਤਸਰ ।

ਮਿਤੀ, ਚੰਡੀਗੜ੍ਹ: 28/6/13

ਵਿਸ਼ਾ: ਗ੍ਰੇਟ ਇੰਡੀਆਂ ਪ੍ਰੈਜ਼ੀਡੈਂਸੀ ਸਕੂਲ, ਅਟਾਰੀ ਜੀ.ਟੀ.ਰੋਡ, ਨੇੜੇ ਟੋਲ ਪਲਾਜਾ, ਪਿੰਡ ਛਿਡਣ, ਤਹਿ: ਅਜਨਾਲਾ, ਜਿਲ੍ਹਾ ਅੰਮ੍ਰਿਤਸਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਅੰਮ੍ਰਿਤਸਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ. ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ./ਆਈ.ਸੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿੰਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਲ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ

Chairman
Great India Presidency School

Headmistress,
Great India Presidency School,
Vill. Chhidan, Amritsar.
Affiliated to C.B.S.E. No. 1630849

ਅਕਾਉਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ: 3/30/2013-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/31-2013-ਗ੍ਰਾਂਟ-1(5)/243 ਮਿਤੀ 26-03-2013 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਗ੍ਰੇਟ ਇੰਡੀਆਂ ਪ੍ਰੈਜੀਡੈਂਸੀ ਸਕੂਲ, ਅਟਾਰੀ ਜੀ.ਟੀ.ਰੋਡ, ਨੇੜੇ ਟੋਲ ਪਲਾਜਾ, ਪਿੰਡ ਛਿਡਣ, ਤਹਿ: ਅਜਨਾਲਾ, ਜਿਲ੍ਹਾ ਅੰਮ੍ਰਿਤਸਰ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਅੰਦਰੂਨੀ ਵੰਡ:

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਸਪੈਸ਼ਲ ਸਕੱਤਰ ਸਕੂਲ ਸਿੱਖਿਆ, ਪੰਜਾਬ।

Chairman
Great India Presidency School

Headmistress,
Great India Presidency School,
Vill. Chhidan, Amritsar.
Affiliated to C.B.S.E. No. 1630849